ਬਿਲਾਵਲੁ ਮਹਲਾ ੫ ॥ ਬਿਨੁ ਸਾਧੂ ਜੋ ਜੀਵਨਾ ਤੇਤੋ ਬਿਰਥਾਰੀ ॥ ਮਿਲਤ ਸੰਗਿ ਸਭਿ ਭ੍ਰਮ ਮਿਟੇ ਗਤਿ ਭਈ ਹਮਾਰੀ ॥੧॥ ਜਾ ਦਿਨ ਭੇਟੇ ਸਾਧ ਮੋਹਿ ਉਆ ਦਿਨ ਬਲਿਹਾਰੀ ॥ ਤਨੁ ਮਨੁ ਅਪਨੋ ਜੀਅਰਾ ਫਿਰਿ ਫਿਰਿ ਹਉ ਵਾਰੀ ॥ ੧॥ ਰਹਾਉ ॥ ਏਤ ਛਡਾਈ ਮੋਹਿ ਤੇ ਇਤਨੀ ਦ੍ਰਿੜਤਾਰੀ ॥ ਸਗਲ ਰੇਨ ਇਹੁ ਮਨੁ ਭਇਆ ਬਿਨਸੀ ਅਪਧਾਰੀ ॥ ੨॥ ਨਿੰਦ ਚਿੰਦ ਪਰ ਦੂਖਨਾ ਏ ਖਿਨ ਮਹਿ ਜਾਰੀ ॥ ਦਇਆ ਮਇਆ ਅਰੁ ਨਿਕਟਿ ਪੇਖੁ ਨਾਹੀ ਦੂਰਾਰੀ ॥ ੩॥ ਤਨ ਮਨ ਸੀਤਲ ਭਏ ਅਬ ਮੁਕਤੇ ਸੰਸਾਰੀ ॥ ਹੀਤ ਚੀਤ ਸਭ ਪ੍ਰਾਨ ਧਨ ਨਾਨਕ ਦਰਸਾਰੀ ॥੪॥੧੦॥੪੦॥ {ਪੰਨਾ 810}

ਪਦਅਰਥ:- ਸਾਧੂ—ਗੁਰੂ। ਤੇਤੋ—ਉਤਨਾ ਹੀ, ਉਹ ਸਾਰਾ ਹੀ। ਸੰਗ—(ਗੁਰੂ ਦੇ) ਨਾਲ। ਭ੍ਰਮ—ਭਟਕਣਾ। ਗਤਿ—ਉੱਚੀ ਆਤਮਕ ਅਵਸਥਾ।1।

ਜਾ ਦਿਨ—ਜਿਸ ਦਿਨ। ਸਾਧੂ—ਗੁਰੂ ਜੀ। ਭੇਟੇ—ਮਿਲੇ। ਮੋਹਿ—ਮੈਨੂੰ। ਉਆ ਦਿਨ—ਉਸ ਦਿਨ ਤੋਂ। ਜੀਅਰਾ—ਪਿਆਰੀ ਜਿੰਦ। ਹਉ—ਮੈਂ। ਵਾਰੀ—ਵਾਰੀਂ, ਕੁਰਬਾਨ ਕਰਾਂ।1। ਰਹਾਉ।

ਏਤ—ਏਤ (ਅਪਰਾਧੀ), ਇਤਨੀ ਅਪਣੱਤ। ਮੋਹਿ ਤੇ—ਮੈਥੋਂ। ਇਤਨੀ—ਇਤਨੀ (ਨਿੰਮ੍ਰਤਾ)। ਦ੍ਰਿੜਤਾਰੀ—ਪਕਿਆਈ। ਰੇਨ—ਚਰਨ-ਧੂੜ। ਅਪਧਾਰੀ—ਅਪਣੱਤ।2।

ਨਿੰਦ ਚਿੰਦ—ਨਿੰਦਾ ਦਾ ਖ਼ਿਆਲ। ਪਰ ਦੂਖਨਾ—ਦੂਜਿਆਂ ਦਾ ਮੰਦਾ ਚਿਤਵਣਾ। ਏ—ਇਹ ਵਿਕਾਰ। ਜਾਰੀ—ਸਾੜ ਦਿੱਤੇ। ਮਇਆ—ਤਰਸ। ਅਰੁ—ਅਤੇ {ਲਫ਼ਜ਼ 'ਅਰਿ' ਅਤੇ 'ਅਰੁ' ਦਾ ਫ਼ਰਕ ਚੇਤੇ ਰੱਖਣ-ਜੋਗ ਹੈ}। ਨਿਕਟਿ ਪੇਖੁ—ਪ੍ਰਭੂ ਨੂੰ ਨੇੜੇ ਵੇਖਣਾ। ਦੂਰਾਰੀ—ਦੂਰ।3।

ਸੀਤਲ—ਠੰਢੇ-ਠਾਰ ਸ਼ਾਂਤ। ਅਬ—ਹੁਣ। ਮੁਕਤੇ—ਆਜ਼ਾਦ। ਸੰਸਾਰੀ—ਦੁਨੀਆ ਦੇ ਬੰਧਨਾਂ ਤੋਂ। ਹੀਤ—ਹਿਤ, ਲਗਨ। ਚੀਤ—ਚਿੱਤ, ਸੁਰਤਿ। ਪ੍ਰਾਨ—ਜਿੰਦ।4।

ਅਰਥ:- (ਹੇ ਭਾਈ!) ਮੈਂ ਉਸ ਦਿਨ ਤੋਂ ਸਦਕੇ ਜਾਂਦਾ ਹਾਂ, ਜਿਸ ਦਿਨ ਮੈਨੂੰ ਮੇਰੇ ਗੁਰੂ (ਪਾਤਿਸ਼ਾਹ) ਮਿਲ ਪਏ। ਹੁਣ ਮੈਂ (ਆਪਣੇ ਗੁਰੂ ਤੋਂ) ਆਪਣਾ ਸਰੀਰ, ਆਪਣਾ ਮਨ, ਆਪਣੀ ਪਿਆਰੀ ਜਿੰਦ ਮੁੜ ਮੁੜ ਸਦਕੇ ਕਰਦਾ ਹਾਂ।1। ਰਹਾਉ।

(ਹੇ ਭਾਈ! ਗੁਰੂ (ਦੇ ਮਿਲਾਪ) ਤੋਂ ਬਿਨਾ ਜਿਤਨੀ ਭੀ ਉਮਰ ਗੁਜ਼ਾਰਨੀ ਹੈ, ਉਹ ਸਾਰੀ ਵਿਅਰਥ ਚਲੀ ਜਾਂਦੀ ਹੈ। ਗੁਰੂ ਦੀ ਸੰਗਤਿ ਵਿਚ ਮਿਲਦਿਆਂ ਹੀ ਸਾਰੀਆਂ ਭਟਕਣਾ ਮਿਟ ਜਾਂਦੀਆਂ ਹਨ, (ਗੁਰੂ ਦੀ ਕਿਰਪਾ ਨਾਲ) ਅਸਾਂ ਜੀਵਾਂ ਨੂੰ ਉੱਚੀ ਆਤਮਕ ਅਵਸਥਾ ਮਿਲ ਜਾਂਦੀ ਹੈ।1।

ਹੇ ਭਾਈ! (ਗੁਰੂ ਨੇ ਕਿਰਪਾ ਕਰ ਕੇ) ਮੈਥੋਂ ਅਪਣੱਤ ਇਤਨੀ ਛਡਾ ਦਿੱਤੀ ਹੈ, ਅਤੇ ਨਿੰਮ੍ਰਤਾ (ਮੇਰੇ ਹਿਰਦੇ ਵਿਚ) ਇਤਨੀ ਪੱਕੀ ਕਰ ਦਿੱਤੀ ਹੈ ਕਿ ਹੁਣ ਮੇਰਾ ਇਹ ਮਨ ਸਭਨਾਂ ਦੀ ਚਰਨ-ਧੂੜ ਬਣ ਗਿਆ ਹੈ, ਹਰ ਵੇਲੇ ਆਪਣੇ ਹੀ ਸੁਆਰਥ ਦਾ ਖ਼ਿਆਲ ਮੇਰੇ ਅੰਦਰੋਂ ਮੁੱਕ ਗਿਆ ਹੈ।1।

ਹੇ ਭਾਈ! ਗੁਰੂ ਨੇ ਮੇਰੇ ਅੰਦਰੋਂ ਪਰਾਈ ਨਿੰਦਾ ਦਾ ਖ਼ਿਆਲ, ਦੂਜਿਆਂ ਦਾ ਬੁਰਾ ਤੱਕਣਾ—ਇਹ ਸਭ ਕੁਝ ਇਕ ਖਿਨ ਵਿਚ ਹੀ ਸਾੜ ਦਿੱਤੇ ਹਨ। (ਦੂਜਿਆਂ ਉਤੇ) ਦਇਆ (ਕਰਨੀ), (ਲੋੜਵੰਦਿਆਂ ਉਤੇ) ਤਰਸ (ਕਰਨਾ), ਅਤੇ (ਪਰਮਾਤਮਾ ਨੂੰ ਹਰ ਵੇਲੇ) ਆਪਣੇ ਨੇੜੇ ਵੇਖਣਾ—ਇਹ ਹਰ ਵੇਲੇ ਮੇਰੇ ਅੰਦਰ ਵੱਸਦੇ ਹਨ।3।

ਹੇ ਨਾਨਕ! (ਆਖ—ਹੇ ਭਾਈ! ਜਦੋਂ ਤੋਂ ਮੈਨੂੰ ਗੁਰੂ ਮਿਲ ਪਿਆ ਹੈ, ਉਸ ਦੀ ਮੇਹਰ ਨਾਲ) ਹੁਣ ਮੇਰਾ ਮਨ ਅਤੇ ਤਨ (ਵਿਕਾਰਾਂ ਵਲੋਂ) ਸ਼ਾਂਤ ਹੋ ਗਏ ਹਨ, ਦੁਨੀਆ ਦੇ ਮੋਹ ਤੇ ਬੰਧਨਾਂ ਤੋਂ ਆਜ਼ਾਦ ਹੋ ਗਏ ਹਨ। ਹੁਣ ਮੇਰੀ ਲਗਨ, ਮੇਰੀ ਸੁਰਤਿ, ਮੇਰੀ ਜਿੰਦ ਪ੍ਰਭੂ ਦੇ ਦਰਸਨ ਵਿਚ ਹੀ ਮਗਨ ਹੈ, ਪ੍ਰਭੂ ਦਾ ਦਰਸਨ ਹੀ ਮੇਰੇ ਵਾਸਤੇ ਧਨ ਹੈ।4।10। 40।